# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-04-2024**

- ਲੋਕ ਸਭਾ ਚੋਣਾਂ ਦੇ ਦੂਜੇ ਗੇੜ ਲਈ ਖੁਲੇ ਆਮ ਚੋਣ ਪ੍ਰਚਾਰ ਖਤਮ, ਸਾਰੀਆਂ ਹੀ ਸਿਆਸੀ ਪਾਰਟੀਆਂ ਦੇ ਪ੍ਰਮੁੱਖ ਆਗੂਆਂ ਨੇ, ਵੋਟਰਾਂ ਨੂੰ ਆਪਣੇ ਹੱਕ ਵਿੱਚ ਲੁਭਾਉਣ ਲਈ, ਰੈਲੀਆਂ ਅਤੇ ਰੋਡ ਸ਼ੋਅ ਕਰਕੇ ਤੇਜ਼ ਪ੍ਰਚਾਰ ਕੀਤਾ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਜਲਵਾਯੂ ਪਰਿਵਰਤਨ ਦੇ ਮੁੱਦੇ ਨੂੰ ਗੰਭੀਰ ਦੱਸਦਿਆਂ ਇਸ ਦੇ ਅਸਰ ਨਾਲ ਨਜਿੱਠਣ ਲਈ ਜੰਗਲਾਂ ਦੀ ਸੰਭਾਲ ਦੀ ਭੂਮਿਕਾ 'ਤੇ ਜ਼ੋਰ ਦਿੱਤਾ ਏ।
- ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਵੋਟਰਾਂ ਦੀ ਜਾਗਰੂਕਤਾ ਲਈ, 'ਯੂਥ ਇਲੈਕਸ਼ਨ ਅੰਬੈਸਡਰ' ਨਾਮ ਦੀ ਇਕ ਨਿਵੇਕਲੀ ਮੁਹਿੰਮ ਸ਼ੁਰੂ ਕੀਤੀ।

-----------------------------------------------------------------------------

ਲੋਕ ਸਭਾ ਚੋਣਾਂ ਦੇ ਦੂਜੇ ਗੇੜ ਲਈ ਖੁਲੇ ਆਮ ਚੋਣ ਪ੍ਰਚਾਰ ਅੱਜ ਸ਼ਾਮ ਪੰਜ ਵਜੇ ਖਤਮ ਹੋ ਗਿਆ। ਇਸ ਦੌਰਾਨ ਸਾਰੀਆਂ ਹੀ ਸਿਆਸੀ ਪਾਰਟੀਆਂ ਦੇ ਪ੍ਰਮੁੱਖ ਆਗੂ, ਵੋਟਰਾਂ ਨੂੰ ਆਪਣੇ ਹੱਕ ਵਿੱਚ ਲੁਭਾਉਣ ਲਈ ਰੈਲੀਆਂ ਅਤੇ ਰੋਡ ਸ਼ੋਅ ਕਰਕੇ ਤਿੱਖਾ ਪ੍ਰਚਾਰ ਕਰਨ ਵਿੱਚ ਰੁੱਝੇ ਰਹੇ । ਇਸ ਗੇੜ ਵਿਚ 26 ਅਪ੍ਰੈਲ ਨੂੰ ਕੇਰਲ ਦੀਆਂ ਸਾਰੀਆਂ 20 ਸੀਟਾਂ, ਕਰਨਾਟਕ ਦੀਆਂ 28 ਵਿੱਚੋਂ 14, ਰਾਜਸਥਾਨ ਦੀਆਂ 25 ਵਿੱਚੋਂ 13, ਉੱਤਰ ਪ੍ਰਦੇਸ਼ ਤੇ ਮਹਾਰਾਸ਼ਟਰ ਵਿੱਚ ਅੱਠ, ਮੱਧ ਪ੍ਰਦੇਸ਼ ਵਿੱਚ ਛੇ, ਅਸਾਮ ਤੇ ਬਿਹਾਰ ਵਿੱਚ ਪੰਜ-ਪੰਜ, ਪੱਛਮੀ ਬੰਗਾਲ ਤੇ ਛੱਤੀਸਗੜ੍ਹ ਵਿੱਚ ਤਿੰਨ-ਤਿੰਨ ਅਤੇ ਤ੍ਰਿਪੁਰਾ ਤੇ ਜੰਮੂ-ਕਸ਼ਮੀਰ ਵਿਚ ਇਕ-ਇਕ ਸੀਟ ਤੇ ਵੋਟਾਂ ਪੈਣਗੀਆਂ। ਮਨੀਪੁਰ ਦੇ ਬਾਹਰੀ ਮਣੀਪੁਰ ਸੰਸਦੀ ਖੇਤਰ ਦੇ 13 ਵਿਧਾਨ ਸਭਾ ਹਲਕਿਆਂ ਵਿੱਚ ਵੀ ਉਸੇ ਦਿਨ ਹੀ ਵੋਟਿੰਗ ਹੋਵੇਗੀ।

-----------------------------------------------------------------------------

ਜਲਵਾਯੂ ਪਰਿਵਰਤਨ ਦੇ ਮੁੱਦੇ ਨੂੰ ਗੰਭੀਰ ਦੱਸਦੇ ਹੋਏ, ਰਾਸ਼ਟਰਪਤੀ

ਦ੍ਰੋਪਦੀ ਮੁਰਮੂ ਨੇ ਇਸ ਦੇ ਅਸਰ ਨਾਲ ਨਜਿੱਠਣ ਲਈ, ਜੰਗਲਾਂ ਦੀ ਸੰਭਾਲ ਦੀ ਭੂਮਿਕਾ 'ਤੇ ਜ਼ੋਰ ਦਿੱਤਾ ਏ। ਵਣ ਖੋਜ ਸੰਸਥਾਨ ਦੇਹਰਾਦੂਨ ਵਿਖੇ ਭਾਰਤੀ ਵਣ ਸੇਵਾ ਪ੍ਰੋ-ਬੇਸ਼ਨਰੀ ਅਫਸਰਾਂ ਦੇ ਅੱਜ ਹੋਏ ਕਨਵੋਕੇਸ਼ਨ ਸਮਾਗਮ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਮਨੁੱਖ-ਜਾਤੀ ਜਾਣ ਬੁੱਝ ਕੇ ਜੰਗਲਾਂ ਦੀ ਮਹੱਤਤਾ ਨੂੰ ਭੁੱਲਣ ਦੀ ਗਲਤੀ ਕਰ ਰਹੀ ਏ। ਉਨ੍ਹਾਂ ਕਿਹਾ ਕਿ ਮਨੁੱਖ ਧਰਤੀ ਦੇ ਅਨਮੋਲ ਸਰੋਤਾਂ ਦਾ ਮਾਲਕ ਨਹੀਂ ਸਗੋਂ ਰਾਖਾ ਏ। ਕਨਵੋਕੇਸ਼ਨ ਸਮਾਗਮ ਵਿੱਚ ਇੰਦਰਾ ਗਾਂਧੀ ਨੈਸ਼ਨਲ ਫੋਰੈਸਟ ਅਕੈਡਮੀ ਦੇ 2022- 24 ਕੋਰਸ ਦੇ 99 ਪ੍ਰੋ-ਬੇਸ਼ਨਰ ਅਫਸਰਾਂ ਨੂੰ ਗ੍ਰੈਜੂਏਸ਼ਨ ਦੀਆਂ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਇਨ੍ਹਾਂ ਵਿੱਚ ਭੂਟਾਨ ਦੇ 2 ਸਿਖਿਆਰਥੀ ਅਧਿਕਾਰੀ ਵੀ ਸ਼ਾਮਲ ਨੇ।

--------------------------------------------------------------

ਭਾਰਤੀ ਜਨਤਾ ਪਾਰਟੀ ਦੇ ਮੀਤ ਪ੍ਰਧਾਨ ਡਾ: ਸੁਭਾਸ਼ ਸ਼ਰਮਾ ਨੇ ਇਕ ਵਿਸ਼ੇਸ਼ ਭਾਈਚਾਰੇ ਖਾਸ ਕਰਕੇ ਮੁਸਲਮਾਨਾਂ ਦੀਆਂ ਵੋਟਾਂ ਹਾਸਲ ਕਰਨ ਲਈ, ਕਾਂਗਰਸ ਦੀਆਂ ਵੰਡੀਆਂ ਪਾਉਣ ਵਾਲੀਆਂ ਨੀਤੀਆਂ ਦੀ ਤਿੱਖੀ

ਆਲੋਚਨਾ ਕੀਤੀ ਏ । ਮੁਹਾਲੀ ਜ਼ਿਲ੍ਹਾ BJP ਪ੍ਰਧਾਨ ਸੰਜੀਵ ਵਸ਼ਿਸ਼ਟ ਨਾਲ ਅੱਜ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਉਨਾਂ ਕਾਂਗਰਸ ਦੇ ਚੋਣ ਮਨੋਰਥ ਪੱਤਰ  ਦਾ ਹਵਾਲਾ ਦਿੱਤਾ ਕਿ ਇਹ ਮੁਸਲਿਮ ਲੀਗ ਦੀ ਤਰਜ਼ 'ਤੇ ਬਣਿਆ ਏ। ਉਨਾਂ ਕਿਹਾ ਕਿ ਜਿੱਥੇ ਕਾਂਗਰਸ ਕੌਮੀ ਪੱਧਰ 'ਤੇ ਦੌਲਤ ਦਾ ਸਰਵੇਖਣ ਕਰਵਾਉਣਾ ਚਾਹੁੰਦੀ ਏ ਅਤੇ ਵਾਧੂ ਦੌਲਤ, ਜ਼ਮੀਨ, ਪੈਸਾ, ਗਹਿਣੇ ਆਦਿ ਘੱਟ ਗਿਣਤੀਆਂ ਖਾਸ ਕਰਕੇ ਮੁਸਲਮਾਨਾਂ ਨੂੰ ਵੰਡਨ ਦੀ ਗਲ ਕਰ ਰਹੀ ਏ । ਉਨਾਂ ਕਿਹਾ ਕਿ ਇਸ ਨਾਲ ਦੇਸ਼ ਵਿੱਚ ਅਰਾਜਕਤਾ ਫੈਲ ਜਾਵੇਗੀ । ਡਾ: ਸੁਭਾਸ਼ ਸ਼ਰਮਾ ਨੇ BJP ਦੀ ਅਗਵਾਈ ਵਾਲੀ ਐਨ ਡੀ ਏ ਸਰਕਾਰ ਦੀਆਂ ਨੀਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਰੀਆਂ ਕੇਂਦਰੀ ਯੋਜਨਾਵਾਂ ਨਾਲ ਸਾਰੇ ਧਰਮਾਂ, ਜਾਤਾਂ ਅਤੇ ਨਸਲਾਂ ਦਾ ਧਿਆਨ ਰੱਖਿਆ ਜਾਂਦਾ ਏ । ਉਨਾਂ ਕਿਹਾ ਕਿ BJP ਦਾ ਵਿਚਾਰ ਏ ਕਿ ਦੇਸ਼ ਦੀ ਅਖੰਡਤਾ ਆਪਣੇ ਆਪ ਤੋਂ ਉੱਪਰ ਏ, ਪਰ ਕਾਂਗਰਸ ਇਸ ਦੇ ਉਲਟ ਕਰ ਰਹੀ ਏ ।

---

ਏਧਰ ਆਲ ਇੰਡੀਆ ਕਾਂਗਰਸ ਕਮੇਟੀ ਨੇ, ਬੇਸ਼ੱਕ 20 ਦਿਨ ਪਹਿਲਾਂ

ਹੀ ਕਾਂਗਰਸ ਦਾ ਚੋਣ ਮਨੋਰਥ ਪੱਤਰ ਜਾਰੀ ਕਰ ਦਿੱਤਾ ਏ, ਪਰ ਹੁਣ ਆਲ ਇੰਡੀਆ ਕਾਂਗਰਸ ਕਮੇਟੀ ਦੀ ਪੰਜਾਬ ਮੀਡੀਆ ਇੰਚਾਰਜ ਅਨੁਪਾ ਅਚਾਰਿਆ ਵੱਲੋਂ ਵੱਖ-ਵੱਖ ਹਲਕਿਆਂ ਵਿਚ ਜਾ ਕੇ ਕਾਂਗਰਸ ਦਾ ਮਨੋਰਥ ਪੱਤਰ ਜਾਰੀ ਕੀਤਾ ਜਾ ਰਿਹਾ ਏ। ਇਸ ਲੜੀ ਵਿਚ ਉਨਾਂ ਵੱਲੋਂ ਅੱਜ ਅੰਮ੍ਰਿਤਸਰ ਵਿੱਚ ਚੋਣ ਮਨੋਰਥ ਪੱਤਰ ਜਾਰੀ ਕੀਤਾ। ਉਨਾਂ ਕਿਹਾ ਕਿ ਕਾਂਗਰਸ ਸਰਕਾਰ ਆਉਣ ਤੇ 30 ਲੱਖ ਨਿਯੁਕਤੀਆਂ ਕੀਤੀਆਂ ਜਾਣਗੀਆਂ ਤੇ 25 ਸਾਲ ਤੱਕ ਦੇ ਨੌਜਵਾਨਾਂ ਨੂੰ ਪਹਿਲੀ ਨੌਕਰੀ ਦਿੱਤੀ ਜਾਵੇਗੀ। ਅਨੁਪਾ ਅਚਾਰਿਆ ਨੇ ਕਿਹਾ ਕਿ ਪੇਪਰ ਲੀਕ ਦੇ ਖਿਲਾਫ ਇੱਕ ਕਾਨੂੰਨ ਬਣਾਇਆ ਜਾਵੇਗਾ ਅਤੇ ਔਰਤਾਂ ਨੂੰ ਸਰਕਾਰੀ ਨੌਕਰੀ ਦੇਣ ਦੇ ਲਈ 50 ਫ਼ੀਸਦ ਰਾਖਵੇਂਕਰਨ ਦੀ ਵਿਵਸਥਾ ਕੀਤੀ ਜਾਵੇਗੀ। ਉਨਾਂ ਕਿਹਾ ਕਿ ਕਿਸਾਨਾਂ ਦੇ ਹੱਕ ਵਿੱਚ MSP ਕਾਨੂੰਨ ਵੀ ਬਣਾਇਆ ਜਾਵੇਗਾ ਅਤੇ ਟੈਕਸ ਫਰੀ ਖੇਤੀ ਕੀਤੀ ਜਾਵੇਗੀ।

---

ਲੁਧਿਆਣਾ ਵਿਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਜਸਵੀਰ ਸਿੰਘ ਜੱਸੀ ਖੰਗੂੜਾ ਨੇ, ਪਾਰਟੀ ਤੋਂ ਅਸਤੀਫਾ ਦੇ ਦਿੱਤਾ ਏ। ਉਹ

ਸਾਲ  2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸਨ। ਲੁਧਿਆਣਾ ਲੋਕ ਸਭਾ ਸੀਟ ਤੋਂ ਉਹ, ਆਮ ਆਦਮੀ ਪਾਰਟੀ ਦੀ ਟਿਕਟ ਦੇ ਮਜ਼ਬੂਤ ਦਾਅਵੇਦਾਰ ਸਨ ਪਰ ਪਾਰਟੀ ਨੇ ਜੱਸੀ ਖੰਗੂੜਾ 'ਤੇ ਭਰੋਸਾ ਜਤਾਉਣ ਦੀ ਬਜਾਏ, ਮੌਜੂਦਾ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੂੰ ਟਿਕਟ ਦਿੱਤੀ ਏ। ਜਿਸ ਕਾਰਨ ਜਸਵੀਰ ਜੱਸੀ ਪਾਰਟੀ ਤੋਂ ਨਰਾਜ਼ ਚਲ ਰਹੇ ਸਨ। ਜਸਵੀਰ ਸਿੰਘ ਜੱਸੀ ਖੰਗੂੜਾ ਦਾ ਪਰਿਵਾਰ, ਪੁਰਾਣਾ ਕਾਂਗਰਸੀ ਪਰਿਵਾਰ ਏ ਅਤੇ ਉਨਾਂ ਕਿਲਾ ਰਾਏਪੁਰ ਤੋਂ 2007 ਦੀਆਂ ਵਿਧਾਨ ਸਭਾ ਚੋਣਾਂ ਲੜੀਆਂ ਅਤੇ ਜਿੱਤੀਆਂ ਸਨ। ਇਸ ਤੋਂ ਬਾਅਦ ਉਹ ਮੁੱਲਾਂਪੁਰ ਦਾਖਾ ਤੋਂ 2012 ਦੀ ਚੋਣ ਹਾਰ ਗਏ ਸਨ।

---------------------------------------------------------------

ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈਜ ਅਤੇ ਖਪਤਕਾਰ ਸੁਰੱਖਿਆ ਵਿਭਾਗ ਦੇ ਪ੍ਰਮੁੱਖ ਸਕੱਤਰ ਵਿਕਾਸ ਗਰਗ ਨੇ ਅੱਜ ਪਟਿਆਲਾ ਜ਼ਿਲ੍ਹੇ ਦੀਆਂ ਰਾਜਪੁਰਾ, ਬਹਾਦਰਗੜ੍ਹ ਤੇ ਪਟਿਆਲਾ ਮੰਡੀਆਂ ਦਾ ਦੌਰਾ ਕਰਕੇ ਕਣਕ ਦੀ ਚੱਲ ਰਹੀ ਖਰੀਦ ਤੇ ਚੁਕਾਈ  ਦਾ ਜਾਇਜ਼ਾ ਲਿਆ। ਡਿਪਟੀ

ਕਮਿਸ਼ਨਰ ਸ਼ੌਕਤ ਅਹਿਮਦ ਪਰੇ ਤੇ ਹੋਰ ਅਧਿਕਾਰੀ ਵੀ ਉਨ੍ਹਾਂ ਦੇ ਨਾਲ ਮੌਜੂਦ ਰਹੇ। ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਉਨਾਂ ਹਦਾਇਤ ਕੀਤੀ ਕਿ ਖਰੀਦੀ ਕਣਕ ਦੀ ਚੁਕਾਈ ਵਿਚ ਹੋਰ ਤੇਜੀ ਲਿਆਂਦੀ ਜਾਵੇ ਤਾਂ ਜੋ ਮੰਡੀਆਂ ਵਿਚ ਵੇਚਣ ਲਈ ਆਪਣੀ ਜਿਣਸ ਲਿਆਉਣ ਵਾਲੇ ਕਿਸਾਨਾਂ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ । ਵਿਕਾਸ ਗਰਗ ਨੇ ਆੜਤੀਆਂ, ਕਿਸਾਨਾਂ ਤੇ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਅਤੇ ਵੱਖ-ਵੱਖ ਖਰੀਦ ਏਜੰਸੀਆਂ, ਮੰਡੀ ਬੋਰਡ ਤੇ ਖੁਰਾਕ ਤੇ ਸਿਵਲ ਸਪਲਾਈਜ ਵਿਭਾਗ ਦੇ ਅਧਿਕਾਰੀਆਂ ਨੂੰ ਕਣਕ ਦੀ ਸੁਚੱਜੀ ਖਰੀਦ ਪ੍ਰਕ੍ਰਿਆ ਲਈ ਸਖ਼ਤ ਹਦਾਇਤਾਂ ਵੀ ਜਾਰੀ ਕੀਤੀਆਂ।

---------------------------------------------------------------

ਜ਼ਿਲ੍ਹਾ ਮੋਗਾ ਵਿੱਚ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪੰਜਾਬ ਮਾਰਕਫੈੱਡ ਦੇ ਮੈਨੇਜਿੰਗ ਡਾਇਰੈਕਟਰ ਗਿਰੀਸ਼ ਦਿਆਲਨ ਨੇ ਅੱਜ ਮੋਗਾ ਮੰਡੀ ਦਾ ਵਿਸ਼ੇਸ਼ ਦੌਰਾ ਕੀਤਾ। ਉਨ੍ਹਾਂ ਕਿਸਾਨਾਂ, ਆੜਤੀਆਂ ਤੇ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਅਤੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ । ਜ਼ਿਲੇ ਵਿਚ ਖਰੀਦ ਦੇ ਪ੍ਰਬੰਧਾਂ ਤੇ ਸੰਤੁਸ਼ਟੀ

ਪ੍ਰਗਟਾਉਂਦਿਆਂ, ਉਨਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ ਅਤੇ ਸਾਰੀਆਂ ਮੰਡੀਆਂ ਵਿਚ ਖਰੀਦ ਦੇ ਯੋਗ ਪ੍ਰਬੰਧ ਕੀਤੇ ਗਏ ਨੇ। ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਵੀ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ 155 ਮੰਡੀਆਂ ਵਿੱਚ ਪੁਖਤਾ ਖਰੀਦ ਪ੍ਰਬੰਧ ਕੀਤੇ ਗਏ ਨੇ।

----------------------------------------------------

ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਜ਼ਿਲ੍ਹਾ ਚੋਣ ਅਫ਼ਸਰ ਤੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਅਗਵਾਈ ਹੇਠ 'ਯੂਥ ਇਲੈਕਸ਼ਨ ਅੰਬੈਸਡਰ' ਨਾਮ ਦੀ ਇਕ ਮੁਹਿੰਮ ਚਲਾਈ ਏ। ਇਸ ਦਾ ਮਕਸਦ ਵੋਟਰਾਂ, ਖਾਸ ਕਰਕੇ ਨੌਜਵਾਨਾਂ ਨੂੰ ਚੋਣਾਂ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਅਤੇ ਯਕੀਨੀ ਤੌਰ 'ਤੇ ਵੋਟ ਪਾਉਣ ਲਈ ਜਾਗਰੂਕ ਕਰਨਾ ਏ। ਇਕ ਵੱਖਰੀ ਕਿਸਮ ਦੀ ਇਸ ਮੁਹਿੰਮ ਤਹਿਤ, ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਨੌਜਵਾਨਾਂ

ਨੂੰ, ਜ਼ਿਲ੍ਹਾ ਚੋਣ ਅਫ਼ਸਰ ਅਤੇ ਸਹਾਇਕ ਚੋਣ ਅਫ਼ਸਰਾਂ ਨਾਲ ਯੂਥ ਇਲੈਕਸ਼ਨ ਅੰਬੈਸਡਰ ਵਜੋਂ ਜੋੜਿਆ ਗਿਆ ਏ।

*ਹੋਰ ਵੇਰਵੇ ਨਾਲ ਇਹ ਰਿਪੋਰਟ :ਡਿਸਪੈਚ: ਪੋਲਿੰਗ ਵਾਲੇ ਦਿਨ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ ਦੀ ਸੌਂਹ ਚੁੱਕਦੇ ਇਹ ਨੌਜਵਾਨ। ਮੌਕਾ ਰਿਹਾ ਹੁਸ਼ਿਆਰਪੁਰ ਵਿਚ 'ਯੂਥ ਇਲੈਕਸ਼ਨ ਅੰਬੈਸਡਰ' ਨਾਮ ਦੀ ਨਿਵੇਕਲੀ ਮੁਹਿੰਮ ਦੇ ਆਗਾਜ਼ ਦਾ। ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਨੌਜਵਾਨ ਖਾਸ ਤੌਰ ਤੇ ਇਸ ਦਾ ਹਿੱਸਾ ਬਣੇ। ਜ਼ਿਲ੍ਹਾ ਚੋਣ ਅਫ਼ਸਰ ਤੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਨੁਸਾਰ ਵੋਟ ਪਾਉਣ ਤੋਂ ਪਹਿਲਾਂ, ਵੋਟਿੰਗ ਵਾਲੇ ਦਿਨ ਅਤੇ ਵੋਟ ਪਾਉਣ ਤੋਂ ਬਾਅਦ ਪੂਰੀ ਚੋਣ ਪ੍ਰਕਿਰਿਆ ਸਬੰਧੀ ਜਾਣਕਾਰੀ ਤੇ ਸਿਖਲਾਈ 'ਯੂਥ ਇਲੈਕਸ਼ਨ ਅੰਬੈਸਡਰਾ' ਨੂੰ ਦਿੱਤੀ ਗਈ ਏ। Byteਵੋਟਿੰਗ ਪ੍ਰਕ੍ਰਿਆ ਨਾਲ ਨੇੜਿਓਂ ਜੁੜਣ ਵਾਲੇ 'ਯੂਥ ਇਲੈਕਸ਼ਨ ਅੰਬੈਸਡਰ' ਇਸ ਨਵੀਂ ਜਿੰਮੇਵਾਰੀ ਮਿਲਣ ਤੋਂ ਕਾਫੀ ਖੁਸ਼ ਨਜ਼ਰ ਆਏ। Byte ਯਕੀਨਨ, ਸਮੁੱਚੀ ਚੋਣ ਪ੍ਰਕ੍ਰਿਆ ਨਾਲ ਜੋੜ ਕੇ ਇਹ ਪਹਿਲ ਨੌਜਵਾਨ ਚੋਣ ਅੰਬੈਸਡਰਾਂ ਨੂੰ*

*ਨਾ ਸਿਰਫ ਆਪਣੀ ਜਿੰਮੇਦਾਰੀ ਦਾ ਇਹਸਾਸ ਕਰਵਾਏਗੀ ਬਲਕਿ ਹੋਰਨਾਂ ਵੋਟਰਾਂ ਨੂੰ ਵੀ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰੇਗੀ। ਸੰਜੀਵ ਬਖਸ਼ੀ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

-------------------------------------------------

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਫ਼ਰੀਦਕੋਟ ਨੇ, ਇੱਕ ਹੋਰ ਨਵੀਂ ਪਹਿਲਕਦਮੀ ਕਰਦਿਆਂ ਕਿਸਾਨਾਂ ਨੂੰ ਸੂਚਨਾ ਤਕਨਾਲੋਜੀ ਜਰੀਏ ਖੇਤੀਬਾੜੀ ਦੇ ਨਵੇਂ ਢੰਗਾਂ ਅਤੇ ਖੇਤੀ ਮਾਹਿਰਾਂ ਦੀਆਂ ਸਲਾਹਾਂ ਤੋਂ ਜਾਣੂ ਕਰਵਾਉਣ ਲਈ, ਮਹੀਨਾਵਾਰ ਡਿਜ਼ੀਟਲ ਅਖਬਾਰ 'ਵੰਨ-ਸੁਵੰਨੀ ਖੇਤੀ' ਦੀ ਸ਼ੁਰੂਆਤ ਕੀਤੀ ਏ। ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਇਸ ਦੇ ਪਹਿਲੇ ਸੰਸਕਰਣ ਨੂੰ ਆਪਣੇ ਦਫ਼ਤਰ ਵਿਖੇ ਕਿਸਾਨਾਂ ਲਈ ਜਾਰੀ ਕੀਤਾ। ਇਸ ਮੌਕੇ ਉਨਾਂ ਕਿਹਾ ਕਿ ਅੱਜ ਦੇ ਇਸ ਤਕਨੀਕੀ ਯੁਗ ਵਿੱਚ ਡਿਜੀਟਲ ਮੰਚ ਦੀ ਬਾਂਹ ਫੜ੍ਹਨੀ ਬਹੁਤ ਜਰੂਰੀ ਏ, ਕਿਉਂਕਿ ਇਸ ਮੰਚ ਦੀ ਵਰਤੋਂ ਨਾਲ ਬਹੁਤ ਹੀ ਘੱਟ ਸਮੇਂ ਵਿੱਚ ਜਿਆਦਾ ਕਿਸਾਨਾਂ ਤੱਕ ਖੇਤੀ ਦੀਆਂ ਨਵੀਆਂ ਤਕਨੀਕਾਂ ਨੂੰ ਪਹੁੰਚਾਇਆ ਜਾ ਸਕਦਾ ਏ। ਉਨ੍ਹਾਂ

ਕਿਹਾ ਕਿ ਖੇਤੀ ਦੇ ਕਿੱਤੇ ਨੂੰ ਬੁਲੰਦੀਆਂ ’ਤੇ ਲਿਜਾਣ ਲਈ ਨੌਜਵਾਨ ਕਿਸਾਨਾਂ ਦਾ ਬਹੁਤ ਵੱਡਾ ਯੋਗਦਾਨ ਏ ਕਿਉਂਕਿ ਇਸ ਡਿਜੀਟਲ ਯੁਗ ਵਿੱਚ ਇਸ ਵਰਗ ਦੇ ਜਿਆਦਾਤਰ ਕਿਸਾਨ ਸੋਸ਼ਲ ਮੀਡੀਆ ਦੀ ਵਰਤੋਂ ਕਰਦੇ ਨੇ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਇਸ ਉਪਰਾਲੇ ਰਾਹੀਂ ਇਸ ਵੱਡੇ ਵਰਗ ਨੂੰ ਡਿਜੀਟਲ ਮੰਚ ਨਾਲ ਜੋੜਕੇ ਖੇਤੀ ਦੇ ਵਿਸ਼ਿਆਂ ਦੀ ਜਾਣਕਾਰੀ ਜ਼ਮੀਨੀ ਪੱਧਰ ’ਤੇ ਪਹੁੰਚਾਈ ਜਾ ਸਕਦੀ ਏ।

---------------------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਡਰਾਮਾ ਕਲੱਬ ਅਤੇ 'ਆਵਾਜ਼ ਰੰਗਮੰਚ ਟੋਲੀ' ਵੱਲੋਂ, ਦਸ਼ਮੇਸ਼ ਆਡੀਟੋਰੀਅਮ ਵਿਖੇ, ਤੀਸਰੇ ਪੰਜ ਦਿਨਾਂ ਨਾਟਕ ਮੇਲੇ ਦੇ ਅੱਜ ਦੂਜੇ ਦਿਨ, ਹਿੰਦੀ ਨਾਟਕ 'ਏਕ ਆਸ' ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ । ਨਵਨੀਤ ਰੰਧੇਅ ਦੀ ਨਿਰਦੇਸ਼ਨਾ ਹੇਠ ਕੰਵਲ ਰੰਧੇਅ ਦੇ ਲਿਖੇ ਇਸ ਨਾਟਕ ਨੂੰ ਡਰਾਮਾ ਕਲੱਬ ਦੇ ਵਿਦਿਆਰਥੀ ਕਲਾਕਾਰਾਂ ਨੇ ਪੇਸ਼ ਕੀਤਾ। ਇੱਕ ਮਾਂ ਤੇ ਦਿਵੀਆਂਗ ਧੀ ਦੇ ਮੋਹ ਤੇ ਅਧਾਰਿਤ ਇਸ ਨਾਟਕ ਰਾਹੀਂ, ਮਜਬੂਰੀ ਵਿੱਚ ਆਪਣੀ ਕੁੱਖ ਕਰਾਏ ਤੇ ਦੇਣ ਵਾਲੀਆਂ ਸਰੋਗੇਟ ਮਾਵਾਂ ਦੇ ਦੁਖਾਂਤ

ਨੂੰ ਬਾਖੂਬੀ ਬਿਆਨ ਕੀਤਾ ਗਿਆ ਏ। ਜ਼ਿੰਦਗੀ ਜਿਉਣ ਲਈ ਇੱਕ ਆਸ ਹੀ ਕਾਫੀ ਹੁੰਦੀ ਏ, ਦਾ ਸੁਨੇਹਾ ਦੇਣ ਵਿੱਚ ਇਹ ਨਾਟਕ ਕਾਮਯਾਬ ਰਿਹਾ। ਰੰਗਮੰਚ ਦੇ ਪ੍ਰਸਿੱਧ ਨਿਰਦੇਸ਼ਕ ਨਰਿੰਦਰ ਸਾਂਘੀ ਅਤੇ ਹਰਮੀਤ ਸਾਂਘੀ ਮੁੱਖ ਮਹਿਮਾਨ ਰਹੇ। ਨਾਟਕ ਦੀ ਸ਼ਲਾਘਾ ਕਰਦਿਆਂ ਉਨਾਂ ਕਿਹਾ ਕਿ ਨੌਜਵਾਨਾਂ ਨੂੰ ਆਪਣੀ ਊਰਜਾ ਇਸੇ ਤਰਾਂ ਸਹੀ ਢੰਗ ਨਾਲ ਇਸਤੇਮਾਲ ਕਰਦੇ ਹੋਏ ਸਮਾਜ ਨੂੰ ਸੇਧ ਦੇਣ ਵਾਲੇ ਕੰਮਾਂ ਨੂੰ ਅੱਗੇ ਵਧਾਉਣਾ ਚਾਹੀਦਾ ਏ।

-----------------------------------------------------

<u>**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**</u>

- ਲੋਕ ਸਭਾ ਚੋਣਾਂ ਦੇ ਦੂਜੇ ਗੇੜ ਲਈ ਖੁਲੇ ਆਮ ਚੋਣ ਪ੍ਰਚਾਰ ਖਤਮ, ਸਾਰੀਆਂ ਹੀ ਸਿਆਸੀ ਪਾਰਟੀਆਂ ਦੇ ਪ੍ਰਮੁੱਖ ਆਗੂਆਂ ਨੇ, ਵੋਟਰਾਂ ਨੂੰ ਆਪਣੇ ਹੱਕ ਵਿੱਚ ਲੁਭਾਉਣ ਲਈ, ਰੈਲੀਆਂ ਅਤੇ ਰੋਡ ਸ਼ੋਅ ਕਰਕੇ ਤੇਜ਼ ਪ੍ਰਚਾਰ ਕੀਤਾ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਜਲਵਾਯੂ ਪਰਿਵਰਤਨ ਦੇ ਮੁੱਦੇ ਨੂੰ ਗੰਭੀਰ ਦੱਸਦਿਆਂ ਇਸ ਦੇ ਅਸਰ ਨਾਲ ਨਜਿੱਠਣ ਲਈ ਜੰਗਲਾਂ ਦੀ ਸੰਭਾਲ ਦੀ ਭੂਮਿਕਾ 'ਤੇ ਜ਼ੋਰ ਦਿੱਤਾ ਏ।
- ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਵੋਟਰਾਂ ਦੀ ਜਾਗਰੂਕਤਾ ਲਈ, 'ਯੂਥ ਇਲੈਕਸ਼ਨ ਅੰਬੈਸਡਰ' ਨਾਮ ਦੀ ਇਕ ਨਿਵੇਕਲੀ ਮੁਹਿੰਮ ਸ਼ੁਰੂ ਕੀਤੀ।